# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :18-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਪੱਛਮੀ ਏਸ਼ੀਆ ਸੰਕਟ ਦਰਮਿਆਨ ਸਰਕਾਰ ਨੇ ਕਿਹਾ ਏ ਕਿ ਦੇਸ਼ ਵਿੱਚ ਸਾਉਣੀ ਰੁਤ ਲਈ ਖਾਦ ਦੀ ਉਪਲਬਧਤਾ 50 ਫੀਸਦੀ ਤੋਂ ਵੱਧ ਏ।
- ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ, ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਦੇ ਮੱਦੇਨਜ਼ਰ, ਭਾਰਤੀ ਚੋਣ ਕਮਿਸ਼ਨ ਦੇ ਅਧਿਕਾਰੀਆਂ ਦੀ ਇੱਕ ਟੀਮ ਨੇ, ਅੱਜ ਚੰਡੀਗੜ੍ਹ ਦਾ ਦੌਰਾ ਕੀਤਾ.
- ਪੰਜਾਬ ਪੁਲਿਸ ਵਲੋਂ, ਤਿੰਨ ਵੱਖ-ਵੱਖ ਕਾਰਵਾਈਆਂ ਵਿੱਚ, 10 ਪਿਸਤੌਲਾਂ ਤੇ ਨਕਲੀ ਭਾਰਤੀ ਕਰੰਸੀ ਸਮੇਤ 7 ਮੁਲਜ਼ਮ ਗ੍ਰਿਫ਼ਤਾਰ.
- ਮੌਸਮ ਵਿਭਾਗ ਵਲੋਂ ਪੰਜਾਬ ਤੇ ਹਰਿਆਣਾ ਵਿੱਚ ਕਈ ਥਾਵਾਂ ਤੇ ਜ਼ਬਰਦਸਤ ਗਰਮੀ ਪੈਣ ਦਾ ਯੈਲੋ ਅਲਰਟ. ਆਯੁਸ਼ ਮੰਤਰਾਲੇ

ਵਲੋਂ ਅਤਿ ਦੀ ਗਰਮੀ ਅਤੇ ਲੂ ਬਾਰੇ ਇੱਕ ਵਿਆਪਕ ਜਨਤਕ ਸਿਹਤ ਸਲਾਹ ਜਾਰੀ.

- IPL ਕ੍ਰਿਕੇਟ ਵਿੱਚ, ਅੱਜ ਚੇਨੰਈ ਸੁਪਰ ਕਿੰਗਜ਼ ਦਾ ਮੁਕਾਬਲਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਏਗਾ.

**ਹੁਣ ਖ਼ਬਰਾਂ ਵਿਸਥਾਰ ਨਾਲ**

ਸਰਕਾਰ ਨੇ ਕਿਹਾ ਏ ਕਿ ਦੇਸ਼ ਵਿੱਚ ਸਾਉਣੀ ਰੁਤ ਲਈ ਖਾਦ ਦੀ ਉਪਲਬਧਤਾ 50 ਫੀਸਦੀ ਤੋਂ ਵੱਧ ਏ। ਪੱਛਮੀ ਏਸ਼ੀਆ ਵਿੱਚ ਹਾਲੀਆ ਗਤੀਵਿਧੀਆਂ ਬਾਰੇ ਅੱਜ ਨਵੀਂ ਦਿੱਲੀ ਵਿੱਚ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਰਸਾਇਣ ਅਤੇ ਖਾਦ ਮੰਤਰਾਲੇ ਦੇ ਜੋਇੰਟ ਸਕੱਤਰ, ਅਪਰਨਾ ਐਸ ਸ਼ਰਮਾ ਨੇ ਕਿਹਾ ਕਿ ਰਾਜਾਂ ਵਿੱਚ ਓਹਨਾਂ ਕਿਹਾ ਕਿ ਦੇਸ਼ ਭਰ ਵਿੱਚ ਦੋ ਲੱਖ ਮੀਟ੍ਰਿਕ ਟਨ ਤੋਂ ਵੱਧ ਖਾਦ ਉਪਲਬਧ ਏ। ਉਨ੍ਹਾਂ ਸਪੱਸ਼ਟ ਕੀਤਾ ਕਿ ਪ੍ਰਮੁੱਖ ਖਾਦਾਂ ਦੀ ਵੱਧ ਤੋਂ ਵੱਧ ਪ੍ਰਚੂਨ ਕੀਮਤ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਏ ਤੇ ਸੰਕਟ ਦੇ ਸਮੇਂ ਤੋਂ ਬਾਅਦ ਘਰੇਲੂ ਉਤਪਾਦਨ ਕਰੀਬ 86.2 ਲੱਖ ਮੀਟ੍ਰਿਕ ਟਨ ਏ ਅਤੇ 22 ਲੱਖ ਮੀਟ੍ਰਿਕ ਟਨ ਤੋਂ ਵੱਧ ਦਰਾਮਦ ਦੇਸ਼ ਪਹੁੰਚੀ ਏ- ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਵਿੱਚ ਜੋਇੰਟ ਸਕੱਤਰ,

ਸੁਜਾਤਾ ਸ਼ਰਮਾ ਨੇ ਕਿਹਾ ਕਿ ਦੇਸ਼ ਵਿਚ ਤੇਲ ਸੋਧ ਕਾਰਖਾਨੇ ਆਮ ਵਾਂਗ ਕੰਮ ਕਰ ਰਹੇ ਨੇ ਅਤੇ ਭਾਰਤ ਕੋਲ ਪੱਛਮੀ ਏਸ਼ੀਆ ਸੰਕਟ ਕਾਰਨ ਦਰਾਮਦ ਵਿੱਚ ਰੁਕਾਵਟ ਦੇ ਬਾਵਜੂਦ ਕੱਚੇ ਤੇਲ ਦਾ ਕਾਫ਼ੀ ਭੰਡਾਰ ਏ। ਦੇਸ਼ ਵਿੱਚ ਪੈਟਰੋਲ, ਡੀਜ਼ਲ, ਐਲ ਪੀ ਜੀ ਅਤੇ ਕੁਦਰਤੀ ਗੈਸ ਦਾ ਕਾਫ਼ੀ ਭੰਡਾਰ ਏ. ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਵੀ ਐਲ ਪੀ ਜੀ ਡਿਸਟ੍ਰੀਬਿਊਟਰ ਕੋਲ ਕਿਸੇ ਤਰ੍ਹਾਂ ਦੀ ਕੋਈ ਥੁੜ੍ਹ ਨਹੀਂ ਏ, ਪਰ ਅਫਵਾਹਾਂ ਫੈਲਣ ਕਾਰਨ, ਦੇਸ਼ ਦੇ ਕੁਝ ਹਿੱਸਿਆਂ ਵਿੱਚ ਲੋਕਾਂ ਵਲੋਂ ਘਬਰਾਹਟ ‘ਚ ਖਰੀਦਦਾਰੀ ਦੇਖੀ ਗਈ ਏ। ਉਨ੍ਹਾਂ ਦੱਸਿਆ ਕਿ ਪਛਾਣੇ ਗਏ ਪ੍ਰਚੂਨ ਐਲ ਪੀ ਜੀ ਆਉਟਲੈਟਾਂ 'ਤੇ ਸਪਲਾਈ ਨੂੰ ਭਰਨ ਲਈ ਤੁਰੰਤ ਕਾਰਵਾਈ ਕੀਤੀ ਜਾ ਰਹੀ ਏ।

----------------------------------------------------

ਇਸ ਦੌਰਾਨ ਚੰਡੀਗੜ੍ਹ ਪ੍ਰਸ਼ਾਸਨ ਦੇ ਧਿਆਨ ਵਿੱਚ ਆਇਆ ਏ ਕਿ ਚੰਡੀਗੜ੍ਹ ਦੇ ਪੈਟਰੋਲ ਪੰਪਾਂ 'ਤੇ ਈਂਧਣ ਦੀ ਰਾਸ਼ਨਿੰਗ ਦੀ ਕਥਿਤ ਅਸਥਾਈ ਸ਼ੁਰੂਆਤ ਸਬੰਧੀ ਗੁੰਮਰਾਹਕੁੰਨ ਅਤੇ ਜਾਅਲੀ ਖ਼ਬਰਾਂ ਫੈਲਾਈਆਂ ਜਾ ਰਹੀਆਂ ਨੇ. ਇਨ੍ਹਾਂ ਖ਼ਬਰਾਂ ਵਿੱਚ ਸਥਾਨਕ ਸਪਲਾਈ ਦੀਆਂ ਸੀਮਾਵਾਂ ਦਾ ਹਵਾਲਾ ਦਿੰਦੇ ਹੋਏ ਦੋ ਪਹੀਆ ਵਾਹਨਾਂ ਲਈ 500 ਰੁਪਏ ਅਤੇ ਚਾਰ ਪਹੀਆ ਵਾਹਨਾਂ ਲਈ 1500 ਰੁਪਏ ਤੱਕ ਈਂਧਣ ਸੀਮਾ ਤੈਅ ਕੀਤੇ ਜਾਣ ਦਾ ਦਾਅਵਾ ਕੀਤਾ ਜਾ ਰਿਹਾ ਏ। ਇਸ ਸਬੰਧ

ਵਿੱਚ ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ ਨੇ ਸਪਸ਼ਟ ਕੀਤਾ ਕਿ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਪੈਟਰੋਲ ਜਾਂ ਡੀਜ਼ਲ ਦੀ ਵਿਕਰੀ 'ਤੇ ਕੋਈ ਪਾਬੰਦੀ ਜਾਂ ਸੀਮਾ ਲਗਾਉਣ ਸਬੰਧੀ ਅਜਿਹਾ ਕੋਈ ਆਦੇਸ਼ ਜਾਰੀ ਨਹੀਂ ਕੀਤਾ ਗਿਆ ਏ । ਉਨ੍ਹਾਂ ਨੇ ਇਹ ਵੀ ਦੱਸਿਆ ਕਿ ਚੰਡੀਗੜ੍ਹ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਕਾਫ਼ੀ ਉਪਲਬਧਤਾ ਏ । ਨਾਗਰਿਕਾਂ ਨੂੰ ਬੇਨਤੀ ਕੀਤੀ ਜਾਂਦੀ ਏ ਕਿ ਉਹ ਕਿਸੇ ਤਰ੍ਹਾਂ ਦੀਆਂ ਅਫ਼ਵਾਹਾਂ 'ਤੇ ਧਿਆਨ ਨਾ ਦੇਣ ਅਤੇ ਗ਼ੈਰ-ਜ਼ਰੂਰੀ ਤੌਰ 'ਤੇ ਈਂਧਣ ਦਾ ਭੰਡਾਰਣ ਜਾਂ ਵਾਧੂ ਖਰੀਦਦਾਰੀ ਨਾ ਕਰਨ ।  ਚੰਡੀਗੜ੍ਹ ਪ੍ਰਸ਼ਾਸਨ ਸਬੰਧਿਤ ਤੇਲ ਮਾਰਕਿਟਿੰਗ ਕੰਪਨੀਆਂ ਨਾਲ ਨਿਰੰਤਰ ਤਾਲਮੇਲ ਸਥਾਪਿਤ ਕਰਕੇ ਸਥਿਤੀ 'ਤੇ ਲਗਾਤਾਰ ਨਿਗਰਾਨੀ ਰੱਖ ਰਿਹਾ ਏ ਤਾਂ ਜੋ ਸ਼ਹਿਰ ਭਰ ਵਿੱਚ ਪੈਟਰੋਲੀਅਮ ਉਤਪਾਦਾਂ ਦੀ ਨਿਰਵਿਘਨ ਉਪਲਬਧਤਾ ਯਕੀਨੀ ਬਣਾਈ ਜਾ ਸਕੇ.

------------------------------------------------------

ਭਾਰਤ ਦੇ ਚੋਣ ਕਮਿਸ਼ਨ ਨੇ ਪੰਜਾਬ, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (SIR) ਕਰਨ ਦਾ ਐਲਾਨ ਕੀਤਾ ਏ । ਕੁੱਲ ਮਿਲਾ ਕੇ, SIR ਆਪਣੇ ਤੀਜੇ ਪੜਾਅ ਤਹਿਤ ਦੇਸ਼ ਭਰ ਦੇ 16 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਕੀਤਾ ਜਾਵੇਗਾ । ਪੰਜਾਬ ਵਿੱਚ, 25 ਜੂਨ ਤੋਂ 24 ਜੁਲਾਈ ਤੱਕ 24

ਹਜ਼ਾਰ 453 ਬੂਥ ਲੈਵਲ ਅਫਸਰ (BLO) ਘਰ-ਘਰ ਜਾ ਕੇ 2 ਕਰੋੜ 14 ਲੱਖ 56 ਹਜ਼ਾਰ 297 ਵੋਟਰਾਂ ਤੋਂ ਅੰਕੜੇ ਇਕੱਤਰ ਕਰਨਗੇ। ਇਸੇ ਸੰਬੰਧ 'ਚ ਵਖ – ਵਖ ਜ਼ਿਲਿਆਂ ਦੇ ਚੋਣ ਅਫਸਰ ਆਪਣੇ – ਆਪਣੇ ਜ਼ਿਲ੍ਹੇ ਦੀਆਂ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆ ਨਾਲ ਮੀਟਿੰਗਾਂ ਕਰ ਰਹੇ ਨੇ. ਇਸੇ ਸੰਬੰਧ 'ਚ ਅੱਜ ਰੂਪ ਨਗਰ ਦੇ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀ ਅਦਿੱਤਿਆ ਡੇਚਲਵਾਲ, ਫਰੀਦਕੋਟ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਸ੍ਰੀ ਰਾਹੁਲ ਕੁਮਾਰ ਚਾਬਾ, ਸ਼੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਅਤੇ ਗੁਰਦਾਸਪੁਰ ਦੇ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਆਪਣੇ ਜ਼ਿਲੇ ਦੀਆਂ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆ ਨਾਲ ਮੀਟਿੰਗ ਕੀਤੀ. ਸ਼੍ਰੀ ਉੱਪਲ ਨੇ ਦੱਸਿਆ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਮੁਹਿੰਮ ਦਾ ਮੁੱਖ ਉਦੇਸ਼ ਯੋਗ ਨਾਗਰਿਕਾਂ ਦੇ ਨਾਂ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਗਲਤ ਜਾਂ ਡੁਪਲੀਕੇਟ ਐਂਟਰੀਆਂ ਨੂੰ ਹਟਾਉਣਾ ਏ। ਅੱਜ ਦੀ ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਓਹਨਾਂ ਦੱਸਿਆ –

byte

-----------------------------------------------------------

ਇਸ ਦੌਰਾਨ, ਭਾਰਤੀ ਚੋਣ ਕਮਿਸ਼ਨ ਦੇ ਅਧਿਕਾਰੀਆਂ ਦੀ ਇੱਕ ਟੀਮ ਜਿਸ ਵਿੱਚ ਸਕੱਤਰ, ਸੰਤੋਸ਼ ਕੁਮਾਰ ਦੂਬੇ ਅਤੇ ਅੰਡਰ ਸੈਕਟਰੀ, ਸੰਜੇ ਕੁਮਾਰ ਸ਼ਾਮਲ ਸਨ, ਨੇ ਅੱਜ ਚੰਡੀਗੜ੍ਹ ਦਾ ਦੌਰਾ ਕੀਤਾ ਅਤੇ ਮੁੱਖ ਚੋਣ ਅਧਿਕਾਰੀ, ਜ਼ਿਲ੍ਹਾ ਚੋਣ ਅਧਿਕਾਰੀ, ਚੋਣ ਰਜਿਸਟ੍ਰੇਸ਼ਨ ਅਧਿਕਾਰੀ ਤੇ ਸਹਾਇਕ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਨਾਲ ਵਿਸ਼ੇਸ਼ ਗਹਿਨ ਸੋਧ ਪ੍ਰਕਿਰਿਆ ਸੰਬੰਧੀ ਸਿਖਲਾਈ ਅਤੇ ਜ਼ਰੂਰੀ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਗੱਲਬਾਤ ਕੀਤੀ। ਚੰਡੀਗੜ੍ਹ ਵਿੱਚ ਵਿਸ਼ੇਸ਼ ਗਹਿਨ ਸੋਧ ਦਾ ਤੀਜਾ ਪੜਾਅ 14 ਮਈ ਨੂੰ ਸ਼ੁਰੂ ਹੋ ਗਿਆ ਏ। ਐਸ ਆਈ ਆਰ ਪ੍ਰੋਗਰਾਮ ਦੇ ਐਲਾਨ ਤੋਂ ਬਾਅਦ ਇਹ ਚੰਡੀਗੜ੍ਹ ਵਿੱਚ ਹੋਈ ਆਪਣੀ ਕਿਸਮ ਦੀ ਪਹਿਲੀ ਮੀਟਿੰਗ ਸੀ। ਅੰਤਿਮ ਵੋਟਰ ਸੂਚੀਆਂ ਪਹਿਲੀ ਅਕਤੂਬਰ ਨੂੰ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ।

-----------------------------------------------------------

ਪੰਜਾਬ ਵਿੱਚ 26 ਮਈ ਨੂੰ ਹੋਣ ਵਾਲੀਆਂ ਨਗਰ ਨਿਗਮਾਂ, ਨਗਰ ਕੌਂਸਲਾਂ, ਨਗਰ ਪੰਚਾਇਤਾਂ ਸਮੇਤ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਲਈ 10 ਹਜ਼ਾਰ 809 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਨੇ। 8 ਨਗਰ ਨਿਗਮਾਂ ਸਮੇਤ 105 ਸਥਾਨਕ ਸੰਸਥਾਵਾਂ ਲਈ ਚੋਣਾਂ ਹੋਣਗੀਆਂ। ਰਾਜ ਚੋਣ ਕਮਿਸ਼ਨ ਮੁਤਾਬਿਕ, 8 ਨਗਰ ਨਿਗਮਾਂ ਲਈ 2

ਹਜ਼ਾਰ 154 ਉਮੀਦਵਾਰਾਂ ਨੇ ਨਾਮਜ਼ਦਗੀਆਂ ਦਾਖਲ ਕੀਤੀਆਂ ਨੇ, 76 ਨਗਰ ਕੌਂਸਲਾਂ ਲਈ 7 ਹਜ਼ਾਰ 334 ਅਤੇ 21 ਨਗਰ ਪੰਚਾਇਤਾਂ ਲਈ 1 ਹਜ਼ਾਰ 321 ਨਾਮਜ਼ਦਗੀਆਂ ਦਾਖਲ ਕੀਤੀਆਂ ਗਈਆਂ ਨੇ। ਨਾਮਜ਼ਦਗੀਆਂ ਵਾਪਸ ਲੈਣ ਦਾ ਆਖਰੀ ਦਿਨ ਕੱਲ੍ਹ 19 ਮਈ ਨਿਰਧਾਰਤ ਕੀਤਾ ਗਿਆ ਏ।

-----------------------------------------------------------

ਪੰਜਾਬ ਪੁਲਿਸ ਨੇ ਅੱਜ, ਤਿੰਨ ਵੱਖ-ਵੱਖ ਕਾਰਵਾਈਆਂ ਵਿੱਚ, ਅੰਮ੍ਰਿਤਸਰ, ਲੁਧਿਆਣਾ ਅਤੇ ਮਲੇਰਕੋਟਲਾ ਵਿੱਚ 7 ਮੁਲਜ਼ਮਾਂ ਨੂੰ 10 ਪਿਸਤੌਲਾਂ, 2 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਅਤੇ 5 ਲੱਖ 50 ਹਜ਼ਾਰ ਰੁਪਏ ਦੀ ਨਕਲੀ ਭਾਰਤੀ ਕਰੰਸੀ ਸਮੇਤ ਗ੍ਰਿਫ਼ਤਾਰ ਕੀਤਾ ਏ । ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਮਾਡਿਊਲ ਦੇ ਇੱਕ ਮੈਂਬਰ ਨੂੰ ਗ੍ਰਿਫ਼ਤਾਰ ਕੀਤਾ ਏ ਅਤੇ 7 ਆਧੁਨਿਕ ਪਿਸਤੌਲਾਂ ਅਤੇ 2 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਏ । ਗ੍ਰਿਫ਼ਤਾਰ ਮੁਲਜ਼ਮ ਵਰਚੁਅਲ ਨੰਬਰਾਂ ਰਾਹੀਂ ਵਿਦੇਸ਼ੀ ਤਸਕਰ ਦੇ ਸੰਪਰਕ ਵਿੱਚ ਸੀ ਅਤੇ ਪੰਜਾਬ ਵਿੱਚ ਅੱਗੇ ਵੰਡਣ ਲਈ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਖੇਪ ਪ੍ਰਾਪਤ ਕਰ ਰਿਹਾ ਸੀ। ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਕਾਊਂਟਰ ਇੰਟੈਲੀਜੈਂਸ (ਸੀ ਆਈ) ਪੰਜਾਬ ਨਾਲ ਸਾਂਝੇ ਆਪ੍ਰੇਸ਼ਨ ਵਿੱਚ, ਇੱਕ

ਅੰਤਰਰਾਸ਼ਟਰੀ ਦਹਿਸ਼ਤਗਰਦੀ -ਗੈਂਗਸਟਰ ਗਠਜੋੜ ਦਾ ਪਰਦਾਫਾਸ਼ ਕੀਤਾ ਏ ਜਿਸਦੇ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਪਿਸਤੌਲਾਂ ਅਤੇ 11 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ. ਇਨ੍ਹਾਂ ਦੋਵਾਂ ਮਾਮਲਿਆਂ ਵਿੱਚ, ਮੁਲਜ਼ਮ, ਵਿਦੇਸ਼-ਅਧਾਰਿਤ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਇੱਕ ਹੋਰ ਕਾਰਵਾਈ ਵਿੱਚ, ਕਾਊਂਟਰ ਇੰਟੈਲੀਜੈਂਸ ਪਟਿਆਲਾ ਨੇ ਚਾਰ ਮੁਲਜ਼ਮਾਂ ਨੂੰ 500 ਰੁਪਏ ਦੇ ਸਾਢੇ 5 ਲੱਖ ਰੁਪਏ ਦੇ ਨਕਲੀ ਭਾਰਤੀ ਕਰੰਸੀ ਨੋਟਾਂ ਸਮੇਤ ਗ੍ਰਿਫ਼ਤਾਰ ਕਰਕੇ ਇੱਕ ਨਕਲੀ ਭਾਰਤੀ ਕਰੰਸੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਹੋਰ ਜਾਂਚ ਜਾਰੀ ਏ।

--------------------------------------------------

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਨਾਭਾ ਨੇੜਲੇ ਪਿੰਡ ਖੋਖ-ਕੋਟਲੀ ਸਥਿਤ ਨਿਰਮਲ ਕੁਟੀਆ ਵਿਖੇ ਯੰਗ ਨਾਭਾਈਟਸ ਐਸੋਸੀਏਸ਼ਨ ਵੱਲੋਂ ਕਰਵਾਏ ਸਕੂਲ ਬੈਗ ਵੰਡ ਸਮਾਗਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨਾਂ ਵੱਲੋਂ ਸਮਾਜਿਕ ਸੇਵਾ ਅਤੇ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਯਤਨ ਹੋਰ ਸੰਸਥਾਵਾਂ ਲਈ ਵੀ ਪ੍ਰੇਰਣਾ ਸਰੋਤ ਨੇ.

--------------------------------------------------

ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕਈ ਥਾਵਾਂ 'ਤੇ ਅੱਜ

ਅਤੇ ਭਲਕੇ ਲਈ ਗਰਮੀ ਦਾ YELLOW ਅਲਰਟ ਅਤੇ 20 ਤੋਂ 23 ਮਈ ਤੱਕ ਦੋਵਾਂ ਸੂਬਿਆਂ ਵਿੱਚ ਜ਼ਬਰਦਸਤ ਗਰਮੀ ਪੈਣ ਦਾ ਯੈਲੋ ਅਲਰਟ ਜਾਰੀ ਕੀਤਾ ਏ. ਇਸ ਦੌਰਾਨ ਦੋਵਾਂ ਰਾਜਾਂ ਵਿੱਚ ਮੌਸਮ ਖੁਸ਼ਕ ਰਹੇਗਾ। ਪੰਜਾਬ ਵਿੱਚ ਬੀਤੇ 24 ਘੰਟਿਆਂ ਦੌਰਾਨ ਤਾਪਮਾਨ ਵਿੱਚ 1.2 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ । ਇਥੇ ਕਈ ਜ਼ਿਲਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਸੈਲਸੀਅਸ ਨੂੰ ਪਾਰ ਕਰ ਗਿਆ ਏ। ਬਠਿੰਡਾ 47  ਡਿਗਰੀ ਸੈਲਸੀਅਸ ਨਾਲ ਪੰਜਾਬ ਦਾ ਸਭ ਤੋਂ ਗਰਮ ਸ਼ਹਿਰ ਰਿਹਾ ਜਦਕਿ ਹਰਿਆਣਾ ਵਿੱਚ ਤਾਪਮਾਨ ਵਿੱਚ 1.9 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ ਅਤੇ ਸੂਬੇ ਭਰ ਵਿੱਚ ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਉੱਪਰ ਦਰਜ ਕੀਤਾ ਗਿਆ ਏ। ਇਥੇ ਸਿਰਸਾ ਜ਼ਿਲ੍ਹਾ 46 . 2  ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਸ਼ਹਿਰ ਰਿਹਾ।

---------------------------------------------------

ਆਯੁਸ਼ ਮੰਤਰਾਲੇ ਨੇ ਅੱਜ ਮੌਜੂਦਾ ਗਰਮੀਆਂ ਦੇ ਮੌਸਮ ਲਈ, ਅਤਿ ਦੀ ਗਰਮੀ ਅਤੇ ਲੂ ਬਾਰੇ ਇੱਕ ਵਿਆਪਕ ਜਨਤਕ ਸਿਹਤ ਸਲਾਹ ਜਾਰੀ ਕੀਤੀ ਏ ।ਮੁਕੰਮਲ ਸਲਾਹ ਪੱਤਰ ਸੂਚਨਾ ਬਿਉਰੋ PIB ਦੀ ਅਧਿਕਾਰਤ WEBSITE 'ਤੇ ਪੜ੍ਹੀ ਜਾ ਸਕਦੀ ਏ .

---------------------------------------------------------

IPL ਕ੍ਰਿਕੇਟ ਵਿਚ ਅੱਜ ਚੇਨਈ ਦੇ M.A. ਚਿਦੰਬਰਮ ਸਟੇਡੀਅਮ ਵਿਖੇ Chennai Super Kings ਦਾ ਮੁਕਾਬਲਾ Sunrisers Hyderabad ਨਾਲ ਹੋਵੇਗਾ | ਇਹ ਮੈਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ | ਮੌਜੂਦਾ ਸਮੇਂ 'ਚ , ਸਨਰਾਈਜ਼ਰਜ਼ ਹੈਦਰਾਬਾਦ ਇਸ ਸਮੇਂ 12 ਮੈਚਾਂ ਵਿੱਚ 14 ਅੰਕਾਂ ਨਾਲ ਤੀਜੇ ਸਥਾਨ 'ਤੇ ਏ , ਜਿਸਨੇ ਹੁਣ ਤੱਕ 7 ਮੈਚ ਜਿੱਤੇ ਨੇ ਅਤੇ PLAYOFF ਦੀ ਦੌੜ ਵਿੱਚ ਮਜ਼ਬੂਤੀ ਨਾਲ ਬਣੀ ਹੋਈ ਏ। ਚੇਨਈ ਸੁਪਰ ਕਿੰਗਜ਼ ਇੰਨੇ ਹੀ ਮੈਚਾਂ ਵਿੱਚ 12 ਅੰਕਾਂ ਨਾਲ ਪੰਜਵੇਂ ਸਥਾਨ 'ਤੇ ਹੈ, ਜਿਸਨੇ ਇਸ ਸੀਜ਼ਨ ਵਿੱਚ 6 ਜਿੱਤਾਂ ਦਰਜ ਕੀਤੀਆਂ ਨੇ ਅਤੇ ਚੋਟੀ ਦੇ ਚਾਰ ਵਿੱਚ ਸਥਾਨ ਪ੍ਰਾਪਤ ਕਰਨ ਦੀ ਦੌੜ ਵਿੱਚ ਬਣੀ ਹੋਈ ਏ।

---------------------------------------------------------

- ਪੱਛਮੀ ਏਸ਼ੀਆ ਸੰਕਟ ਦਰਮਿਆਨ ਸਰਕਾਰ ਨੇ ਕਿਹਾ ਏ ਕਿ ਦੇਸ਼ ਵਿੱਚ ਸਾਉਣੀ ਰੁਤ ਲਈ ਖਾਦ ਦੀ ਉਪਲਬਧਤਾ 50 ਫੀਸਦੀ ਤੋਂ ਵੱਧ ਏ।
- ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ, ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਦੇ ਮੱਦੇਨਜ਼ਰ, ਭਾਰਤੀ ਚੋਣ ਕਮਿਸ਼ਨ ਦੇ ਅਧਿਕਾਰੀਆਂ ਦੀ ਇੱਕ ਟੀਮ ਨੇ, ਅੱਜ ਚੰਡੀਗੜ੍ਹ ਦਾ ਦੌਰਾ ਕੀਤਾ.

- ਪੰਜਾਬ ਪੁਲਿਸ ਵਲੋਂ, ਤਿੰਨ ਵੱਖ-ਵੱਖ ਕਾਰਵਾਈਆਂ ਵਿੱਚ, 10 ਪਿਸਤੌਲਾਂ ਤੇ ਨਕਲੀ ਭਾਰਤੀ ਕਰੰਸੀ ਸਮੇਤ 7 ਮੁਲਜ਼ਮ ਗ੍ਰਿਫ਼ਤਾਰ.
- ਮੌਸਮ ਵਿਭਾਗ ਵਲੋਂ ਪੰਜਾਬ ਤੇ ਹਰਿਆਣਾ ਵਿੱਚ ਕਈ ਥਾਵਾਂ ਤੇ ਜ਼ਬਰਦਸਤ ਗਰਮੀ ਪੈਣ ਦਾ ਯੈਲੋ ਅਲਰਟ. ਆਯੁਸ਼ ਮੰਤਰਾਲੇ ਵਲੋਂ ਅਤਿ ਦੀ ਗਰਮੀ ਅਤੇ ਲੂ ਬਾਰੇ ਇੱਕ ਵਿਆਪਕ ਜਨਤਕ ਸਿਹਤ ਸਲਾਹ ਜਾਰੀ.

- IPL ਕ੍ਰਿਕੇਟ ਵਿੱਚ, ਅੱਜ ਚੇਨੰਈ ਸੁਪਰ ਕਿੰਗਜ਼ ਦਾ ਮੁਕਾਬਲਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਏਗਾ.

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !